ੴ ਸਤਿਗੁਰ ਪ੍ਰਸਾਦਿ

ਰਾਗ ਮਾਲਾ ॥ ਰਾਗ ਏਕ ਸੰਗਿ ਪੰਚ ਬਰੰਗਨ ॥ ਸੰਗਿ ਅਲਾਪਹਿ ਆਠਉ ਨੰਦਨ ॥ ਪ੍ਰਥਮ ਰਾਗ ਭੈਰਉ ਵੈ ਕਰਹੀ ॥ ਪੰਚ ਰਾਗਨੀ ਸੰਗਿ ਉਚਰਹੀ ॥ ਪ੍ਰਥਮ ਭੈਰਵੀ ਬਿਲਾਵਲੀ ॥ ਪੁੰਨਿਆਕੀ ਗਾਵਹਿ ਬੰਗਲੀ ॥ ਪੁਨਿ ਅਸਲੇਖੀ ਕੀ ਭਈ ਬਾਰੀ ॥ ਏ ਭੈਰਉ ਕੀ ਪਾਚਉ ਨਾਰੀ ॥ ਪੰਚਮ ਹਰਖ ਦਿਸਾਖ ਸੁਨਾਵਹਿ ॥ ਬੰਗਾਲਮ ਮਧੁ ਮਾਧਵ ਗਾਵਹਿ ॥੧॥ ਲਲਤ ਬਿਲਾਵਲ ਗਾਵਹੀ ਅਪੁਨੀ ਅਪੁਨੀ ਭਾਂਤਿ ॥ ਅਸਟ ਪੁਤ੍ਰ ਭੈਰਵ ਕੇ ਗਾਵਹਿ ਗਾਇਨ ਪਾਤ੍ਰ ॥੧॥ ਦੁਤੀਆ ਮਾਲਕਉਸਕ ਆਲਾਪਹਿ ॥ ਸੰਗਿ ਰਾਗਨੀ ਪਾਚਉ ਥਾਪਹਿ ॥ ਗੋਂਡਕਰੀ ਅਰੁ ਦੇਵਗੰਧਾਰੀ ॥ ਗੰਧਾਰੀ ਸੀਹੁਤੀ ਉਚਾਰੀ ॥ ਧਨਾਸਰੀ ਏ ਪਾਚਉ ਗਾਈ ॥ ਮਾਲ ਰਾਗ ਕਉਸਕ ਸੰਗਿ ਲਾਈ ॥ ਮਾਰੂ ਮਸਤਅੰਗ ਮੇਵਾਰਾ ॥ ਪ੍ਰਬਲਚੰਡ ਕਉਸਕ ਉਭਾਰਾ ॥ ਖਉਖਟ ਅਉ ਭਉਰਾਨਦ ਗਾਏ ॥ ਅਸਟ ਮਾਲਕਉਸਕ ਸੰਗਿ ਲਾਏ ॥੧॥ ਪੁਨਿ ਆਇਅਉ ਹਿੰਡੋਲੁ ਪੰਚ ਨਾਰਿ ਸੰਗਿ ਅਸਟ ਸੁਤ ॥ ਉਠਹਿ ਤਾਨ ਕਲੋੱਲ ਗਾਇਨ ਤਾਰ ਮਿਲਾਵਹੀ ॥੧॥ ਤੇਲੰਗੀ ਦੇਵਕਰੀ ਆਈ ॥ ਬਸੰਤੀ ਸੰਦੂਰ ਸੁਹਾਈ ॥ ਸਰਸ ਅਹੀਰੀ ਲੈ ਭਾਰਜਾ

॥ ਸੰਗਿ ਲਾਈ ਪਾਂਚਉ ਆਰਜਾ ॥ ਸੁਰਮਾਨੰਦ ਭਾਸਕਰ ਆਏ ॥ ਚੰਦ੍ਰਬਿੰਬ ਮੰਗਲਨ ਸੁਹਾਏ ॥ ਸਰਸਬਾਨ ਅਉ ਆਹਿ ਬਿਨੋਦਾ ॥ ਗਾਵਹਿ ਸਰਸ ਬਸੰਤ ਕਮੋਦਾ ॥ ਅਸਟ ਪੁਤ੍ਰ ਮੈ ਕਹੇ ਸਵਾਰੀ ॥ ਪੁਨਿ ਆਈ ਦੀਪਕ ਕੀ ਬਾਰੀ ॥੧॥ ਕਛੇਲੀ ਪਟਮੰਜਰੀ ਟੋਡੀ ਕਹੀ ਅਲਾਪਿ ॥ ਕਾਮੋਦੀ ਅਉ ਗੂਜਰੀ ਸੰਗਿ ਦੀਪਕ ਕੇ ਥਾਪਿ ॥੧॥ ਕਾਲੰਕਾ ਕੁੰਤਲ ਅਉ ਰਾਮਾ ॥ ਕਮਲਕੁਸਮ ਚੰਪਕ ਕੇ ਨਾਮਾ ॥ ਗਉਰਾ ਅਉ ਕਾਨਰਾ ਕਲ੍ਯ੍ਯਾਨਾ ॥ ਅਸਟ ਪੁਤ੍ਰ ਦੀਪਕ ਕੇ ਜਾਨਾ ॥੧॥ ਸਭ ਮਿਲਿ ਸਿਰੀਰਾਗ ਵੈ ਗਾਵਹਿ ॥ ਪਾਂਚਉ ਸੰਗਿ ਬਰੰਗਨ ਲਾਵਹਿ ॥ ਬੈਰਾਰੀ ਕਰਨਾਟੀ ਧਰੀ ॥ ਗਵਰੀ ਗਾਵਹਿ ਆਸਾਵਰੀ ॥ ਤਿਹ ਪਾਛੈ ਸਿੰਧਵੀ ਅਲਾਪੀ ॥ ਸਿਰੀਰਾਗ ਸਿਉ ਪਾਂਚਉ ਥਾਪੀ ॥੧॥ ਸਾਲੂ ਸਾਰਗ ਸਾਗਰਾ ਅਉਰ ਗੋਂਡ ਗੰਭੀਰ ॥ ਅਸਟ ਪੁਤ੍ਰ ਸ੍ਰੀਰਾਗ ਕੇ ਗੁੰਡ ਕੁੰਭ ਹਮੀਰ ॥੧॥ ਖਸਟਮ ਮੇਘ ਰਾਗ ਵੈ ਗਾਵਹਿ ॥ ਪਾਂਚਉ ਸੰਗਿ ਬਰੰਗਨ ਲਾਵਹਿ ॥ ਸੋਰਠਿ ਗੋਂਡ ਮਲਾਰੀ ਧੁਨੀ ॥ ਪੁਨਿ ਗਾਵਹਿ ਆਸਾ ਗੁਨ ਗੁਨੀ ॥ ਊਚੈ ਸੁਰਿ ਸੂਹਉ ਪੁਨਿ ਕੀਨੀ ॥ ਮੇਘ ਰਾਗ ਸਿਉ ਪਾਂਚਉ ਚੀਨੀ ॥੧॥ ਬੈਰਾਧਰ ਗਜਧਰ ਕੇਦਾਰਾ ॥ ਜਬਲੀਧਰ ਨਟ ਅਉ ਜਲਧਾਰਾ ॥ ਪੁਨਿ ਗਾਵਹਿ ਸੰਕਰ ਅਉ ਸਿਆਮਾ ॥ ਮੇਘ ਰਾਗ ਪੁਤ੍ਰਨ ਕੇ ਨਾਮਾ ॥੧॥

ਖਸਟ ਰਾਗ ਉਨਿ ਗਾਏ ਸੰਗਿ ਰਾਗਨੀ ਤੀਸ ॥ ਸਭੈ ਪੁਤ੍ਰ ਰਾਗੰਨ ਕੇ ਅਠਾਰਹ ਦਸ ਬੀਸ ॥੧॥੧॥